# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-11-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇਕ ਵਿਕਸਤ ਰਾਸ਼ਟਰ ਬਣਨ ਲਈ ਸਾਰੇ ਨਾਗਰਿਕਾਂ ਵਲੋਂ 'ਰਾਸ਼ਟਰ ਪਹਿਲਾਂ' ਪਹੁੰਚ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਏ। ਅੱਜ ਹੈਦਰਾਬਾਦ ਵਿੱਚ ਲੋਕ ਮੰਥਨ ਦੇ ਚੌਥੇ ਸੰਸਕਰਣ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਈ ਖੇਤਰਾਂ ਵਿੱਚ ਵਿਭਿੰਨਤਾ ਦੇ ਬਾਵਜੂਦ ਦੇਸ਼ ਨੂੰ ਇਕਜੁੱਟ ਰੱਖਣ ਲਈ ਭਾਰਤੀ ਸੱਭਿਆਚਾਰ, ਭਾਸ਼ਾ, ਰਿਵਾਇਤਾਂ ਤੇ ਗਿਆਨ ਨੂੰ ਸੁਰਜੀਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ । ਰਾਸ਼ਟਰਪਤੀ ਨੇ ਹੈਦਰਾਬਾਦ ਵਿਚ ਅੰਤਰਰਾਸ਼ਟਰੀ ਸੱਭਿਆਚਾਰਕ ਉਤਸਵ ਦਾ ਰਸਮੀ ਉਦਘਾਟਨ ਕੀਤਾ । ਉਨ੍ਹਾਂ ਕਿਹਾ ਕਿ ਗੁਲਾਮੀ ਦੀ ਮਾਨਸਿਕਤਾ ਨੂੰ ਬਦਲ ਕੇ ਹੀ ਸਮਾਜਿਕ ਅਸਮਾਨਤਾਵਾਂ ਨੂੰ ਦੂਰ ਕੀਤਾ ਜਾ ਸਕਦਾ ਏ। ਰਾਸ਼ਟਰਪਤੀ ਨੇ ਸਰਕਾਰ ਵਲੋਂ ਨਵੇਂ ਅਪਰਾਧਿਕ ਕਾਨੂੰਨ ਬਣਾਉਣ ਤੇ ਰਾਸ਼ਟਰਪਤੀ ਭਵਨ ਦੇ ਦਰਬਾਰ ਹਾਲ ਦਾ ਨਾਮ ਬਦਲਣ ਵਰਗੇ ਉਪਰਾਲਿਆਂ ਦਾ ਵੀ ਜ਼ਿਕਰ ਕੀਤਾ। ਪ੍ਰੋਗਰਾਮ

ਵਿੱਚ ਤੇਲੰਗਾਨਾ ਦੇ ਰਾਜਪਾਲ ਜਿਸ਼ਨੂ ਦੇਵ ਵਰਮਾ, ਕੇਂਦਰੀ ਮੰਤਰੀ ਜੀ ਕਿਸ਼ਨ ਰੈਡੀ, ਆਰ.ਐਸ.ਐਸ. ਦੇ ਸਤ ਸੰਘ ਚਾਲਕ ਮੋਹਨ ਭਾਗਵਤ ਸਮੇਤ ਹੋਰ ਸ਼ਾਮਲ ਹੋਏ।

---------------------------------------------------------------------

ਗੋਆ ਵਿਚ ਸ਼ੁਰੂ ਹੋਏ 55ਵੇਂ ਭਾਰਤੀ ਅੰਤਰਰਾਸ਼ਟਰੀ ਫਿਲਮ ਫੈਸਟੀਵਲ ਦੀ ਪਹਿਲੀ ਪੈਨਲ ਚਰਚਾ 'ਔਰਤਾਂ ਦੀ ਸੁਰੱਖਿਆ ਅਤੇ ਸਿਨੇਮਾ' 'ਤੇ ਸ਼ੁਰੂ ਹੋਈ। ਮਸ਼ਹੂਰ ਅਭਿਨੇਤਾ ਤੇ ਨਿਰਮਾਤਾ ਵਾਣੀ ਤ੍ਰਿਪਾਠੀ ਟਿਕੂ ਦੁਆਰਾ ਸੰਚਾਲਿਤ ਸੈਸ਼ਨ ਵਿਚ ਫਿਲਮ ਨਿਰਮਾਤਾ ਇਮਤਿਆਜ਼ ਅਲੀ, ਅਦਾਕਾਰਾ ਸੁਹਾਸਿਨੀ ਮਣੀਰਤਨਮ, ਖੁਸ਼ਬੂ ਸੁੰਦਰ ਤੇ ਭੂਮੀ ਪੇਡਨੇਕਰ ਸਮੇਤ ਪੈਨਲਿਸਟਾਂ ਨੇ ਫਿਲਮ ਉਦਯੋਗ ਵਿਚ ਔਰਤਾਂ ਦੀ ਸੁਰੱਖਿਆ, ਲਿੰਗ ਪ੍ਰਤੀਨਿਧਤਾ ਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਰੂਪ ਦੇਣ ਵਿਚ ਸਿਨੇਮਾ ਦੀ ਭੂਮਿਕਾ ਬਾਰੇ ਚਰਚਾ ਕੀਤੀ। ਪੈਨਲਿਸਟਾਂ ਨੇ ਨਿੱਜੀ ਤਜ਼ਰਬਿਆਂ ਨੂੰ ਸਾਂਝਾ ਕੀਤਾ ਕਿ ਕਿਵੇਂ ਫਿਲਮ ਉਦਯੋਗ ਪਰਦੇ ਤੇ ਪਰਦੇ ਦੇ ਪਿੱਛੇ ਔਰਤਾਂ ਨੂੰ ਬਿਹਤਰ ਸਮਰਥਨ ਤੇ ਸ਼ਕਤੀ ਪ੍ਰਦਾਨ ਕਰ ਸਕਦਾ ਏ। ਉਨ੍ਹਾਂ ਇਕ ਸੁਰੱਖਿਅਤ ਮਾਹੌਲ ਨੂੰ ਉਤਸ਼ਾਹਿਤ ਕਰਨ

ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜਿੱਥੇ ਸਿਨੇਮਾ ਵਿਚ ਔਰਤਾਂ ਬਿਨਾਂ ਕਿਸੇ ਪਰੇਸ਼ਾਨੀ ਜਾਂ ਸ਼ੋਸ਼ਣ ਦੀ ਚਿੰਤਾ ਦੇ ਖੁੱਲ੍ਹ ਕੇ ਕੰਮ ਕਰ ਸਕਦੀਆਂ ਨੇ।

---------------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਉਹ ਪੰਜਾਬ ਤੋਂ ਫਲ ਅਤੇ ਸਬਜ਼ੀਆਂ ਦੀ ਦੂਸਰੇ ਦੇਸ਼ਾਂ ਨੂੰ ਬਰਾਮਦ ਕਰਨ ਦੀ ਦਿਸ਼ਾ ਵਿਚ ਤੇਜ਼ੀ ਨਾਲ ਕੰਮ ਕਰਨ। ਚੰਡੀਗੜ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਹਨਾਂ ਕਿਹਾ ਕਿ ਪੰਜਾਬ ਦੀ ਭੂਗੋਲਿਕ ਸਥਿਤੀ ਤੇ ਵਾਤਾਵਰਣ ਬਾਗ਼ਬਾਨੀ ਲਈ ਬਹੁਤ ਢੁਕਵਾਂ ਏ ਤੇ ਇਥੇ ਅਸੀਂ ਉਨ੍ਹਾਂ ਚੀਜ਼ਾਂ ਦੀ ਖੇਤੀ ਕਰ ਸਕਦੇ ਹਾਂ, ਜਿਨ੍ਹਾਂ ਦੀ ਮੰਗ ਯੂਰਪ ਤੇ ਹੋਰ ਮੁਲਕਾਂ ਵਿਚ ਬਹੁਤ ਜ਼ਿਆਦਾ ਏ। ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੰਜਾਬ ਦੀ ਕੁਲ ਪੰਚਾਇਤੀ ਜ਼ਮੀਨ ਦਾ 10 ਫੀਸਦੀ

ਜ਼ਮੀਨ ਨੂੰ ਬਾਗ਼ਬਾਨੀ ਅਧੀਨ ਲਿਆਉਣ ਦੀ ਦਿਸ਼ਾ ਵਿਚ ਕੰਮ ਕਰਨ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਨਹਿਰੀ ਵਿਭਾਗ ਫਿਰੋਜ਼ਪੁਰ ਦੇ ਐਸ.ਡੀ.ਓ. ਗੁਲਾਬ ਸਿੰਘ ਤੇ ਖੇਤੀਬਾੜੀ ਵਿਭਾਗ ਫਿਰੋਜ਼ਪੁਰ ਦੇ ਸਬ-ਇੰਸਪੈਕਟਰ ਦਵਿੰਦਰ ਸਿੰਘ ਖਿਲਾਫ 15 ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤਾ ਏ। ਇਸ ਮਾਮਲੇ ਵਿੱਚ ਦੋਵੇਂ ਮੁਲਜ਼ਮ ਹਾਲ ਹੀ ਵਿਚ ਹੋਈਆਂ ਪੰਚਾਇਤ ਚੋਣਾਂ ਵੇਲੇ ਰਿਟਰਨਿੰਗ ਅਫਸਰ ਅਤੇ ਸਹਾਇਕ ਰਿਟਰਨਿੰਗ ਅਫਸਰ ਵਜੋਂ ਤਾਇਨਾਤ ਸਨ, ਜਿਨ੍ਹਾਂ ਸਰਪੰਚੀ ਦੇ ਇਕ ਉਮੀਦਵਾਰ ਤੋਂ ਇਹ ਰਿਸ਼ਵਤ ਲਈ ਸੀ। ਇਸ ਕੇਸ ਦੇ ਮੁੱਖ ਮੁਲਜ਼ਮ ਐਸ.ਡੀ.ਓ. ਗੁਲਾਬ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਏ ਅਤੇ ਵਿਜੀਲੈਂਸ ਟੀਮਾਂ ਦੂਸਰੇ ਮੁਲਜ਼ਮ ਦੀ ਤਲਾਸ਼ ਕਰ ਰਹੀਆਂ ਨੇ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਫਿਰੋਜ਼ਪੁਰ ਦੇ ਪਿੰਡ ਮਾਨਾ ਸਿੰਘ ਵਾਲਾ ਦੇ ਕਿਸਾਨ ਗੁਰਪ੍ਰੀਤ

ਸਿੰਘ ਵਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਦਰਜ ਕੀਤਾ ਗਿਆ ਏ ।

---------------------------------------------------------

ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਡਿਊਟੀ ਤੋਂ ਲੰਬੇ ਸਮੇਂ ਤੱਕ ਗੈਰ-ਹਾਜ਼ਰ ਰਹਿਣ ਵਾਲੇ 5 ਵੈਟਰਨਰੀ ਅਫ਼ਸਰਾਂ ਦੀਆਂ ਸੇਵਾਵਾਂ ਨੂੰ ਤੁਰੰਤ ਪ੍ਰਭਾਵ ਨਾਲ ਖ਼ਤਮ ਕਰ ਦਿੱਤਾ ਏ । ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਵੱਖ-ਵੱਖ ਜ਼ਿਲ੍ਹਿਆਂ ਵਿਚ ਤਾਇਨਾਤ ਪੰਜ ਵੈਟਰਨਰੀ ਅਫ਼ਸਰਾਂ ਡਾ. ਗੁਰਪ੍ਰੀਤ ਸਿੰਘ, ਡਾ. ਅਨੁਪ੍ਰੀਤ ਕੌਰ, ਡਾ. ਅਰਸ਼ਦੀਪ ਸਿੰਘ, ਡਾ. ਜਗਦੀਪ ਸਿੰਘ ਅਤੇ ਡਾ. ਹਰਮਨਪ੍ਰੀਤ ਸਿੰਘ ਬੱਲ ਨੂੰ ਨੌਕਰੀ ਤੋਂ ਬਰਖ਼ਾਸਤ ਕਰਨ ਦੇ ਹੁਕਮ ਜਾਰੀ ਕੀਤੇ ਨੇ । ਸ੍ਰੀ ਭੰਡਾਰੀ ਨੇ ਦੱਸਿਆ ਕਿ ਇਹ ਵੈਟਰਨਰੀ ਅਫ਼ਸਰ ਪਿਛਲੇ ਤਿੰਨ ਤੋਂ ਪੰਜ ਸਾਲਾਂ ਤੋਂ ਡਿਊਟੀ ਤੋਂ ਗੈਰ-ਹਾਜ਼ਰ ਚੱਲ ਰਹੇ ਸਨ । ਓਧਰ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਏ ਅਧਿਕਾਰੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ । ਉਹਨਾਂ ਕਿਹਾ

ਕਿ ਅਜਿਹੀ ਲਾਪਰਵਾਹੀ ਕਿਸੇ ਵੀ ਕੀਮਤ ‘ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

---------------------------------------------------------

ਪੰਜਾਬ ਦੇ ਸੱਤ ਜ਼ਿਲ੍ਹਿਆਂ ਵਿਚ ਸੰਘਣੀ ਧੁੰਦ ਸਬੰਧੀ ਮੌਸਮ ਵਿਭਾਗ ਨੇ ਯੈਲੋ ਅਲਰਟ ਜਾਰੀ ਕੀਤਾ ਏ। ਅੰਮ੍ਰਿਤਸਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਫ ਤਿਹਗੜ੍ਹ ਸਾਹਿਬ ਤੇ ਪਟਿਆਲਾ ਵਿਚ ਸਖ਼ਤੀ ਦੇ ਬਾਵਜੂਦ ਪਰਾਲੀ ਸਾੜਨਾ ਜਾਰੀ ਏ, ਜਿਸ ਕਾਰਨ ਹਵਾ ਦੂਸ਼ਿਤ ਹੋ ਰਹੀ ਏ। ਪੰਜਾਬ ਦੇ ਕੁਝ ਸ਼ਹਿਰਾਂ ਤੇ ਚੰਡੀਗੜ੍ਹ ਦਾ ਹਵਾ ਗੁਣਵੱਤਾ ਸੂਚਕ ਅੰਕ ਏ। ਪਿਛਲੇ 24 ਘੰਟਿਆਂ ਵਿੱਚ ਪੰਜਾਬ ਦੇ ਵੱਧ ਤੋਂ ਵੱਧ ਤਾਪਮਾਨ ਵਿਚ 0.4 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਹੁਣ ਇਹ ਆਮ ਦੇ ਨੇੜੇ ਆ ਗਿਆ ਏ। ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 28.6 ਦਰਜ ਕੀਤਾ ਗਿਆ ਏ। ਰਾਤ ਦੇ ਤਾਪਮਾਨ ਵਿਚ ਵੀ 0.2 ਦੀ ਕਮੀ ਆਈ ਏ।

---------------------------------------------------------------

ਪਟਿਆਲਾ ਫਾਊਂਡੇਸ਼ਨ, ਜਰਮਨੀ ਦੀ ਕੰਪਨੀ o. m. e. d. e.v. ਅਤੇ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਨੇ ਇਕ ਮਹੱਤਵਪੂਰਨ ਇਕਰਾਰ ਕੀਤਾ ਏ ਤਾਂ ਜੋ ਔਰਤਾਂ ਨੂੰ ਡਿਜੀਟਲ ਤੌਰ ਤੇ ਸਮਰੱਥ ਬਣਾਉਣ ਤੇ ਆਰਥਿਕ ਸਸ਼ਕਤੀਕਰਨ ਨੂੰ ਹੋਰ ਅੱਗੇ ਵਧਾਇਆ ਜਾ ਸਕੇ। ਸਮਾਗਮ ਦੌਰਾਨ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਦੇ ਚੇਅਰਮੈਨ ਜਗਦੇਵ ਸਿੰਘ ਬਾਮ ਤੇ ਪੰਜਾਬ ਰਾਜ ਸਹਿਕਾਰੀ ਬੈਂਕ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਅਨਿੰਦਿਤਾ ਮਿੱਤਰਾ ਨਾਲ ਜਰਮਨੀ ਦੀ ਕੰਪਨੀ ਦੇ ਡਾ. janes h fisher ਤੇ ਪਟਿਆਲਾ ਫਾਊਂਡੇਸ਼ਨ ਦੇ ਸੀ.ਈ.ਓ. ਰਵੀ ਸਿੰਘ ਆਹਲੂਵਾਲੀਆ ਹਾਜ਼ਰ ਸਨ। ਇਸ ਸਬੰਧੀ ਸ਼੍ਰੀਮਤੀ ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਸਵੈ-ਸਹਾਇਤਾ ਸਮੂਹਾਂ ਨੂੰ ਔਜ਼ਾਰ, ਹੁਨਰ ਪ੍ਰਦਾਨ ਕਰਨਾ ਅਤੇ ਸੁਰੱਖਿਅਤ ਡਿਜੀਟਲ ਪਲੇਟਫਾਰਮ ਉਪਲਬਧ ਕਰਾਉਣਾ ਹੈ ਤਾਂ ਜੋ ਉਹਨਾਂ ਨੂੰ ਉਹਨਾਂ ਦੇ ਉਤਪਾਦਾਂ ਦੀ ਮਾਰਕੀਟਿੰਗ , ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਅਤੇ ਚੁਣੌਤੀਆਂ ਨੂੰ ਆਪਸੀ ਸਹਿਯੋਗ ਨਾਲ ਨਜਿੱਠਣ ਵਿੱਚ ਮਦਦ ਕੀਤੀ ਜਾ ਸਕੇ।